ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਵਿਧਾਇਕ ਨਾਗਰਾ ਨੇ ਸਰਹਿੰਦ ਚੋਅ ਦੀ ਚੈਨੇਲਾਈਜ਼ੇਸ਼ਨ ਦਾ ਕੰਮ ਕਰਵਾਇਆ ਸ਼ੁਰੂ

ਬਰਸਾਤਾਂ ਦੌਰਾਨ ਨਹੀਂ ਆਵੇਗੀ ਪਾਣੀ ਦੀ ਨਿਕਾਸੀ ਦੀ ਸਮੱਸਿਆ

ਕੰਮ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਵਰਤੀਆਂ ਜਾ ਰਹੀਆਂ ਨੇ ਸਾਵਧਾਨੀਆਂ

ਫ਼ਤਹਿਗੜ੍ਹ ਸਾਹਿਬ, 07 ਜੂਨ

ਸਰਹਿੰਦ ਚੋਅ ਦੇ ਸਰਹਿੰਦ-ਫ਼ਤਹਿਗੜ੍ਹ ਸਾਹਿਬ ਵਿੱਚ ਪੈਂਦੇ ਹਿੱਸੇ ਨੂੰ ਪਿਛਲੇ ਸਾਲ ਪੱਕਾ ਕਰਵਾ ਦਿੱਤਾ ਗਿਆ ਸੀ ਤੇ ਹੁਣ ਬਰਸਾਤਾਂ ਤੋਂ ਪਹਿਲਾਂ ਪਹਿਲਾਂ ਸਰਹਿੰਦ ਮੰਡੀ ਵਾਲੇ ਪੁੱਲ ਤੋਂ ਅੱਗੇ ਦੇ ਹਿੱਸੇ ਦੀ ਚੈਨੇਲਾਈਜ਼ੇਸ਼ਨ ਕਰਵਾਈ ਜਾ ਰਹੀ ਹੈ ਤੇ ਨਾਲ ਹੀ ਚੋਅ ਦੀ ਉਚੇਚੇ ਤੌਰ ਉਤੇ ਸਫਾਈ ਕੀਤੀ ਜਾ ਰਹੀ ਹੈ ਤਾਂ ਜੋ ਬਰਸਾਤਾਂ ਦੌਰਾਨ ਪਾਣੀ ਦੀ ਨਿਕਾਸੀ ਦੀ ਸਮੱਸਿਆ ਨਾ ਆਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਚੋਅ ਦੀ ਚੈਨੇਲਾਈਜ਼ੇਸ਼ਨ ਸ਼ੁਰੂ ਕਰਵਾਉਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਇਸ ਚੋਅ ਵਿੱਚ ਬਹੁਤ ਜ਼ਿਆਦਾ ਗਾਰ ਤੇ ਬੂਟੀ ਜਮ੍ਹਾਂ ਹੋ ਗਈ ਸੀ ਤੇ ਹੁਣ ਇਸ ਚੋਅ ਸਬੰਧੀ ਲੋਕਾਂ ਨੂੰ ਦਰਪੇਸ਼ ਸਾਰੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾ ਰਿਹਾ ਹੈ।

ਹਲਕਾ ਵਿਧਾਇਕ ਨੇ ਕਿਹਾ ਕਿ ਇਸ ਚੋਅ ਸਬੰਧੀ ਵਿਕਾਸ ਕਾਰਜ ਨਾ ਹੋਣ ਕਾਰਨ ਬਰਸਾਤਾਂ ਦੌਰਾਨ ਪਾਣੀ ਵੱਖ ਵੱਖ ਅਦਾਰਿਆਂ ਤੇ ਲੋਕਾਂ ਦੇ ਘਰਾਂ ਵਿੱਚ ਵੜਨ ਦੇ ਨਾਲ ਨਾਲ ਕਿਸਾਨਾਂ ਦੀਆਂ ਫ਼ਸਲਾਂ ਵੀ ਖ਼ਰਾਬ ਕਰਦਾ ਸੀ। ਪਿਛਲੇ ਸਾਲ ਇਸ ਚੋਅ ਦੇ ਵੱਡੇ ਹਿੱਸੇ ਨੂੰ ਪੱਕਾ ਕਰ ਕੇ ਪਾਣੀ ਦੀ ਠੀਕ ਢੰਗ ਨਾਲ ਨਿਕਾਸੀ ਯਕੀਨੀ ਬਣਾਈ ਗਈ ਤੇ ਰਹਿੰਦੇ ਹਿੱਸੇ ਦੀ ਹੁਣ ਚੈਨੇਲਾਈਜ਼ੇਸ਼ਨ ਕੀਤੀ ਜਾ ਰਹੀ ਹੈ।

ਵਿਧਾਇਕ ਨਾਗਰਾ ਨੇ ਦੱਸਿਆ ਕਿ ਇਸ ਕਾਰਜ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਵਰਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੋਰੋਨਾ ਤੋਂ ਬਚਾਅ ਸਬੰਧੀ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਨਾਉਣ।

ਕੈਪਸ਼ਨ: ਵਿਧਾਇਕ ਕੁਲਜੀਤ ਸਿੰਘ ਨਾਗਰਾ ਸਰਹਿੰਦ ਚੋਅ ਦੀ ਚੈਨੇਲਾਈਜ਼ੇਸ਼ਨ ਦਾ ਕੰਮ ਸ਼ੁਰੂ ਕਰਵਾਉਂਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਫ਼ਤਿਹ: ਹੋਰਨਾਂ ਸੂਬਿਆਂ ਤੋਂ ਆਉਣ ਵਾਲੇ ਲੋਕਾਂ ਦੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੀ ਜਾਵੇ

ਕੋਵਿਡ ਕੰਟਰੋਲ ਰੂਮ ਦੇ ਨੰਬਰ ’ਤੇ ਦਿੱਤੀ ਜਾ ਸਕਦੀ ਹੈ ਜਾਣਕਾਰੀ

ਕੋਰੋਨਾ ਤੋਂ ਬਚਾਅ ਲਈ ਸੁਚੇਤ ਰਹਿਣਾ ਤੇ ਸਾਵਧਾਨੀਆਂ ਵਰਤਣੀਆਂ ਲਾਜ਼ਮੀ

ਫ਼ਤਹਿਗੜ੍ਹ ਸਾਹਿਬ, 07 ਜੂਨ

ਪੰਜਾਬ ਸਰਕਾਰ ਵੱਲੋਂ ਕੋਰੋਨਾ ਨੂੰ ਹਰਾਉਣ ਲਈ ਸ਼ੁਰੂ ਕੀਤੇ 'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਜਿੱਥੇ ਪੰਜਾਬ ਸਰਕਾਰ ਵੱਲੋਂ ਦਿਨ ਰਾਤ ਇਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ, ਉਥੇ ਇਸ ਮਿਸ਼ਨ ਦੀ ਕਾਮਯਾਬੀ ਲਈ ਲੋਕਾਂ ਵੱਲੋਂ ਵਧੇਰੇ ਸੁਚੇਤ ਰਹਿੰਦਿਆਂ ਕੋਰੋਨਾ ਤੋਂ ਬਚਾਅ ਲਈ ਸਾਵਧਾਨੀਆਂ ਵਰਤਣੀਆਂ ਲਾਜ਼ਮੀ ਹਨ। ਇਸੇ ਤਹਿਤ ਇਹ ਗੱਲ ਯਕੀਨੀ ਬਣਾਈ ਜਾਵੇ ਕਿ ਜਦੋਂ ਵੀ ਕੋਈ ਵਿਅਕਤੀ ਕਿਸੇ ਬਾਹਰਲੇ ਸੂਬੇ ਵਿੱਚੋਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਆਵੇ ਤਾਂ ਉਸ ਸਬੰਧੀ ਜਾਣਕਾਰੀ ਫੌਰੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਾਂਝੀ ਕੀਤੀ ਜਾਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਇਸ ਸਬੰਧੀ ਜਾਣਕਾਰੀ ਕੋਵਿਡ ਕੰਟਰੋਲ ਰੂਮ ਦੇ ਨੰਬਰ 01763-232136, ਐਸ.ਐਮ.ਓ. ਡਾ. ਕੁਲਦੀਪ ਸਿੰਘ ਦੇ ਮੋ. ਨੰਬਰ: 98158-02655 ਅਤੇ ਜ਼ਿਲ੍ਹਾ ਸੂਚਨਾ ਅਫ਼ਸਰ ਐਸ.ਕੇ. ਬਾਂਗਾ ਦੇ ਮੋ. ਨੰਬਰ: 73472-02635 ’ਤੇ ਦਿੱਤੀ ਜਾ ਸਕਦੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੋਰਨਾਂ ਸੂਬਿਆਂ ਤੋਂ ਆਉਣ ਵਾਲੇ ਵਿਅਕਤੀਆਂ ਲਈ ਇਕਾਂਤਵਾਸ ਸਮੇਤ ਕੋਰੋਨਾ ਤੋਂ ਬਚਾਅ

ਲਈ ਤੈਅ ਪ੍ਰਕਿਰਿਆ ਪੂਰੀ ਕਰਨੀ ਲਾਜ਼ਮੀ ਹੈ ਤਾਂ ਜੋ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ ਤੇ ਕੋਰੋਨਾ ਦੇ ਹੋਰ ਨਵੇਂ ਕੇਸ ਨਾ ਆਉਣ।

ਸ੍ਰੀਮਤੀ ਗਿੱਲ ਨੇ ਕਿਹਾ ਕਿ ਇਸ ਸਬੰਧੀ ਲੋਕਾਂ ਦਾ ਸਹਿਯੋਗ ਅਹਿਮ ਹੈ ਅਤੇ ਲੋਕ ਬਾਹਰੋਂ ਆਉਣ ਵਾਲੇ ਵਿਅਕਤੀਆਂ ਬਾਰੇ ਸੂਚਨਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੇ ਕੇ ਕੋਰੋਨਾ ਖਿਲਾਫ ਜੰਗ ਵਿੱਚ ਯੋਗਦਾਨ ਪਾਉਂਦਿਆਂ ਮਿਸ਼ਨ ਫ਼ਤਿਹ ਵਿੱਚ ਵੀ ਅਹਿਮ ਯੋਗਦਾਨ ਪਾ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਕਿ ਘਰੋਂ ਬਾਹਰ ਜਾਣ ਵੇਲੇ ਮਾਸਕ ਪਾਉਣ, ਸਮਾਜਕ ਵਿੱਥ ਕਾਇਮ ਰੱਖਣ ਅਤੇ ਵਾਰ ਵਾਰ ਹੱਥ ਧੋਣ ਸਬੰਧੀ ਕਿਸੇ ਕਿਸਮ ਦੀ ਢਿੱਲ ਨਾ ਵਰਤੀ ਜਾਵੇ ਅਤੇ ਸਰਕਾਰ ਵੱਲੋਂ ਜਾਰੀ ਸਾਰੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਫ਼ਤਿਹ: ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 4584 ਸੈਂਪਲ ਨੈਗੇਟਿਵ

ਕੁੱਲ 4935 ਸੈਂਪਲ ਲਏ; 281 ਦੀ ਰਿਪੋਰਟ ਪੈਂਡਿੰਗ

ਪਾਜ਼ੇਟਿਵ ਪਾਏ ਗਏ 70 ਵਿਅਕਤੀਆਂ ਵਿੱਚੋਂ 58 ਇਲਾਜ ਉਪਰੰਤ ਘਰਾਂ ਨੂੰ ਪਰਤੇ

ਫ਼ਤਹਿਗੜ੍ਹ ਸਾਹਿਬ, 07 ਜੂਨ

'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਪੰਜਾਬ ਸਰਕਾਰ ਵੱਲੋਂ ਕੋਰੋਨਾ 'ਤੇ ਫ਼ਤਿਹ ਪਾਉਣ ਲਈ ਦਿਨ ਰਾਤ ਇਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ ਤੇ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 4584 ਸੈਂਪਲ ਨੈਗੇਟਿਵ ਆਏ ਹਨ ਤੇ ਹੁਣ ਤੱਕ ਕੁੱਲ 4935 ਸੈਂਪਲ ਲਏ ਜਾ ਚੁੱਕੇ ਹਨ ਅਤੇ 281 ਦੀ ਰਿਪੋਰਟ ਪੈਂਡਿੰਗ ਹੈ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਐਨ.ਕੇ.ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 70 ਵਿਅਕਤੀ ਕੋਰੋਨਾ ਪਾਜ਼ੇਟਿਵ ਪਾਏ ਗਏ ਹਨ, ਜਿਨ੍ਹਾਂ ਵਿੱਚੋਂ 58 ਵਿਅਕਤੀ ਇਲਾਜ ਉਪਰੰਤ ਘਰਾਂ ਨੂੰ ਪਰਤ ਚੁੱਕੇ ਹਨ।

ਸਿਵਲ ਸਰਜਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਰੋਨਾ ਤੋਂ ਬਚਾਅ ਸਬੰਧੀ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਤੋਂ ਬਚਾਅ ਸਬੰਧੀ ਮਾਸਕ ਪਾਉਣ, ਸਮਾਜਕ ਵਿੱਥ ਰੱਖਣ ਅਤੇ ਵਾਰ ਵਾਰ ਹੱਥ ਧੋਣ ਜਾਂ ਸੈਨੇਟਾਈਜ਼ ਕਰਨ ਸਬੰਧੀ ਢਿੱਲ ਨਹੀਂ ਕਰਨੀ ਚਾਹੀਦੀ।

ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਉਂਦਿਆਂ ਕੋਰੋਨਾ ਖਿਲਾਫ ਜੰਗ ਜਿੱਤਣ ਵਿੱਚ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ।

ਕੈਪਸ਼ਨ:-ਸਿਵਲ ਸਰਜਨ ਡਾ. ਐਨ.ਕੇ.ਅਗਰਵਾਲ ਜ਼ਿਲ੍ਹੇ ਵਿੱਚ ਕੋਰੋਨਾ ਸਬੰਧੀ ਲਏ ਸੈਂਪਲਾਂ ਬਾਰੇ ਜਾਣਕਾਰੀ ਦਿੰਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਹਮਾਯੂੰਪੁਰ ਵਿਖੇ ਮਕਾਨ ਵਿੱਚੋਂ 32 ਪੇਟੀਆਂ ਨਾਜਾਇਜ਼ ਸ਼ਰਾਬ ਬਰਾਮਦ

ਸਰਹਿੰਦ ਥਾਣੇ ਵਿਖੇ ਕੇਸ ਦਰਜ

ਮੁਲਜ਼ਮ ਦੀ ਭਾਲ ਜਾਰੀ

ਫਤਹਿਗੜ੍ਹ ਸਾਹਿਬ, 07 ਜੂਨ

ਜ਼ਿਲ੍ਹਾ ਪੁਲਿਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਐਸ.ਪੀ.(ਜਾਂਚ) ਹਰਪਾਲ ਸਿੰਘ ਦੀਆਂ ਹਦਾਇਤਾਂ ਮੁਤਾਬਿਕ ਡੀ ਐਸ ਪੀ (ਜਾਂਚ) ਜਸਵਿੰਦਰ ਸਿੰਘ ਟਿਵਾਣਾ ਦੀ ਨਿਗਰਾਨੀ ਹੇਠ ਇੰਸਪੈਕਟਰ ਭੁਪਿੰਦਰ ਸਿੰਘ ਇੰਚਾਰਜ ਸੀ ਆਈ ਏ ਸਟਾਫ ਸਰਹਿੰਦ ਦੀ ਅਗਵਾਈ ਵਿੱਚ ਏ ਐਸ ਆਈ ਗੁਰਬਚਨ ਸਿੰਘ ਸਮੇਤ ਪੁਲਿਸ ਪਾਰਟੀ ਅਤੇ ਐਕਸਾਇਜ਼ ਇੰਸਪੈਕਟਰ ਸਤਿੰਦਰ ਮੱਲੀ ਨੇ ਹਮਾਯੂੰਪੁਰ, ਸਰਹਿੰਦ ਵਿਖੇ ਇਕ ਮਕਾਨ ਵਿੱਚੋਂ 32 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਕੀਤੀਆਂ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਪੀ. ਜਾਂਚ ਹਰਪਾਲ ਸਿੰਘ ਨੇ ਦੱਸਿਆ ਕਿ ਮੁਲਜ਼ਮ ਸੁਖਵਿੰਦਰ ਸਿੰਘ ਉਰਫ ਸੁੱਖਾ, ਜਿਸ ਦੇ ਘਰੋਂ ਨਾਜਾਇਜ਼ ਸ਼ਰਾਬ ਬਰਾਮਦ ਹੋਈ, ਫਰਾਰ ਹੋ ਗਿਆ ਤੇ ਉਸ ਦੀ ਭਾਲ ਜਾਰੀ ਹੈ। ਉਸ ਖਿਲਾਫ ਆਬਕਾਰੀ ਐਕਟ ਤਹਿਤ ਥਾਣਾ ਸਰਹਿੰਦ ਵਿਖੇ ਕੇਸ ਦਰਜ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਵੀ ਉਸ ਖਿਲਾਫ ਥਾਣਾ ਮੰਡੀ ਗੋਬਿੰਦਗੜ੍ਹ ਅਤੇ ਥਾਣਾ ਸਰਹਿੰਦ ਵਿਖੇ ਐਨ ਡੀ ਪੀ ਐਸ ਐਕਟ ਤਹਿਤ ਕੇਸ ਦਰਜ ਹਨ।

ਇਸ ਤੋਂ ਇਲਾਵਾ ਅਮਨਦੀਪ ਸਿੰਘ ਉਰਫ ਅਮਨ ਵਾਸੀ ਮੁਹੱਲਾ ਸੰਗਤਪੁਰਾ, ਮੰਡੀ ਗੋਬਿੰਦਗੜ੍ਹ ਖਿਲਾਫ ਮੰਡੀ ਗੋਬਿੰਦਗੜ੍ਹ ਥਾਣੇ ਵਿੱਚ ਐਨ ਡੀ ਪੀ ਐਸ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਕੋਲੋਂ 44 ਨਸ਼ੀਲੇ ਟੀਕੇ ਤੇ 44 ਨਸ਼ੀਲੀਆਂ ਸ਼ੀਸ਼ੀਆਂ ਬਰਾਮਦ ਹੋਈਆਂ ਹਨ।